19-OCT-3STAR-5.qxd 10/19/2025 9:22 PM Page 1

ਸਮਾਗਮ ਦੌਰਾਨ ਹਾਜ਼ਰ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਅਤੇ ਹੋਰ। (ਸੱਜੇ) ਏ.ਡੀ.ਸੀ.ਪੀ. ਸੁਖਵਿੰਦਰ ਸਿੰਘ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ, ਨਾਲ ਰਜਿੰਦਰ ਮਹਿਤਾ। ਤਸਵੀਰਾਂ : ਜੀ.ਪੀ. ਸਿੰਘ

ਪੁਲਿਸ ਸ਼ਹੀਦੀ ਦਿਵਸ ਮੌਕੇ ਕਮਿਸ਼ਨਰੇਟ ਪੁਲਿਸ ਨੇ ਪੰਜਾਬ ਪੁਲਿਸ ਦੇ ਸ਼ਹੀਦਾਂ ਨੂੰ ਦਿੱਤੀ ਭਾਵਪੂਰਵਕ ਸ਼ਰਧਾਂਜਲੀ

ਜਲੰਧਰ, 19 ਅਕਤੂਬਰ (ਐੱਮ. ਐੱਸ. ਲੋਹੀਆ)-ਪੁਲਿਸ ਸ਼ਹੀਦੀ ਦਿਵਸ ਮੌਕੇ ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਜਲੰਧਰ ਪੁਲਿਸ ਦੇ ਸ਼ਹੀਦ ਬਹਾਦੁਰ ਜਵਾਨਾਂ ਨੂੰ ਨਮਨ ਕਰਨ ਅਤੇ ਭਾਵਪੂਰਵਕ ਸ਼ਰਧਾਂਜਲੀ ਦੇਣ ਲਈ, ਪੁਲਿਸ ਲਾਈਨ ਜਲੰਧਰ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਰੰਧਾਵਾ ਦੀ ਸਰਪਰਸਤੀ ਹੇਠ ਕਰਵਾਏ ਗਏ ਇਸ ਸਮਾਗਮ ਮੌਕੇ ਹਾਜ਼ਰ ਸਾਰੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੇ ਦੋ ਮਿੰਟ ਦਾ ਮੌਨ ਧਾਰਨ ਕਰਕੇ, ਉਨ੍ਹਾਂ ਸ਼ੂਰਵੀਰ ਜਵਾਨਾਂ ਨੂੰ ਸ਼ਰਧਾਂਜਲੀ ਦਿੱਤੀ ਜਿਨ੍ਹਾਂ ਨੇ ਪੁਲਿਸ ਵਿਭਾਗ ਦੀ ਸੇਵਾ ਅਤੇ ਜਨਤਾ ਦੀ ਸੁਰੱਖਿਆ ਲਈ ਆਪਣੀ ਜ਼ਿੰਦਗੀ ਕੁਰਬਾਨ ਕੀਤੀ। ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੇ ਆਪਣੇ ਪਿਆਰਿਆਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਉਨ੍ਹਾਂ ਦੇ ਬਲੀਦਾਨ ਤੇ ਮਾਣ ਪ੍ਰਗਟਾਇਆ। ਸਮਾਗਮ ਦੌਰਾਨ ਏ.ਡੀ.ਸੀ.ਪੀ. (ਸਥਾਨਕ) ਸੁਖਵਿੰਦਰ ਸਿੰਘ ਨੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸਮਾਜ 'ਚ ਵਿਚਰਦਿਆਂ ਉਨ੍ਹਾਂ ਨੂੰ ਆ ਰਹੀਆਂ ਚੁਣੌਤੀਆਂ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ। ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਸ਼ਹੀਦ ਪਰਿਵਾਰਾਂ ਨੂੰ ਸਨਮਾਨ ਸਵਰੂਪ ਤੋਹਫ਼ੇ ਦਿੱਤੇ ਗਏ ਅਤੇ ਉਨ੍ਹਾਂ ਨੂੰ ਆਉਣ ਵਾਲੀ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਗਈਆਂ। ਸਮਾਗਮ ਦੀ ਸਮਾਪਤੀ ਮੌਕੇ ਸਾਂਝੇ ਭੋਜਨ ਦਾ ਪ੍ਰਬੰਧ ਕੀਤਾ ਗਿਆ, ਜੋ ਏਕਤਾ, ਯਾਦਗਾਰੀ ਅਤੇ ਸ਼ਹੀਦ ਬਹਾਦਰਾਂ ਦੀ ਵਿਰਾਸਤ ਨੂੰ ਜਿਉਂਦਾ ਰੱਖਣ ਦੇ ਸਾਂਝੇ ਸੰਕਲਪ ਦਾ ਪ੍ਰਤੀਕ ਸੀ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਜਲੰਧਰ ਕਮਿਸ਼ਨਰੇਟ ਪੁਲਿਸ ਆਪਣੇ ਸ਼ਹੀਦਾਂ ਦੇ ਪਰਿਵਾਰਾਂ ਦੇ ਨਾਲ ਹਮੇਸ਼ਾਂ ਖੜ੍ਹੀ ਹੈ ਅਤੇ ਵਿਭਾਗ ਉਨ੍ਹਾਂ ਦੀ ਕੁਰਬਾਨੀ ਤੋਂ ਪ੍ਰੇਰਣਾ ਲੈਂਦਿਆਂ ਅੱਗੇ ਵੀ ਜਨਤਾ ਦੀ ਸੁਰੱਖਿਆ ਲਈ ਅਟੱਲ ਸਮਰਪਣ ਨਾਲ ਕੰਮ ਕਰਦਾ ਰਹੇਗਾ।

ਆਈਵੀ ਵਰਲਡ ਸਕੂਲ 'ਚ ਦੀਵਾਲੀ ਦਾ ਤਿਉਹਾਰ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ

ਜਲੰਧਰ, 19 ਅਕਤੂਬਰ (ਪਵਨ ਖਰਬੰਦਾ)-ਵਾਸਲ ਐਜੂਕੇਸ਼ਨ ਦੀ ਯੋਗ ਅਗਵਾਈ ਹੇਠ ਆਈਵੀ ਵਰਲਡ ਸਕੂਲ ਨੇ ਖੁਸ਼ੀ ਅਤੇ ਉਤਸ਼ਾਹ ਨਾਲ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਨੂੰ ਬੜੀ ਧੂਮ-ਧਾਮ ਨਾਲ ਮਨਾਇਆ। ਇਸ ਮੌਕੇ ਨੂੰ ਖੂਬਸੂਰਤ ਬਣਾਉਣ ਲਈ ਵਿਦਿਆਰਥੀਆਂ ਨੇ 'ਦੀਵਾਲੀ ਦਾ ਤਿਉਹਾਰ' ਵਿਸ਼ ੇ'ਤੇ ਆਧਾਰਿਤ ਜਮਾਤ ਸਜਾਵਟ ਗਤੀਵਿਧੀ ਵਿੱਚ ਹਿੱਸਾ ਲਿਆ। ਇਸ ਗਤੀਵਿਧੀ ਨੇ ਰਚਨਾਤਮਿਕਤਾ ਅਤੇ ਸਮੂਹ ਕਾਰਜ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ, ਜਿਸ ਨਾਲ ਵਿਦਿਆਰਥੀਆਂ ਨੂੰ ਕਲਾ ਅਤੇ ਸਜਾਵਟ ਰਾਹੀਂ ਆਪਣੀ ਪ੍ਰਤਿਭਾ ਨੂੰ ਦਰਸਾਉਣ ਤੇ ਨਿਖਾਰਨ ਦਾ ਮੌਕਾ ਮਿਲਿਆ। ਜਮਾਤਾਂ ਦੇ ਕੋਨੇ ਅਤੇ ਪ੍ਰਦਰਸ਼ਨ ਖੇਤਰਾਂ ਨੂੰ 'ਬੈੱਸਟ ਆਉਟ ਆਫ ਬੇਸਟ ਸਮੱਗਰੀ ਦੀ ਵਰਤੋਂ ਕਰਕੇ ਸੁੰਦਰ ਢੰਗ ਨਾਲ ਸਜਾਇਆ ਗਿਆ। ਵਿਦਿਆਰਥੀਆਂ ਨੇ ਦੀਵੇ, ਮੋਮਬੱਤੀਆਂ, ਕਾਗਜ਼ ਅਤੇ ਰੰਗੋਲੀ ਦੇ ਡਿਜ਼ਾਈਨ ਤਿਆਰ ਕੀਤੇ ਜਿਸ ਵਿੱਚ ਹਰ ਇੱਕ ਨੇ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਦੇ ਅਸਲੀ ਅਰਥ ਨੂੰ ਪ੍ਰਗਟਾਇਆ। ਉਤਸ਼ਾਹ ਨੂੰ ਹੋਰ ਵਧਾਉਂਦੇ ਹੋਏ ਇੱਕ ਮਿੱਟੀ ਦੇ ਬਰਤਨ ਬਣਾਉਣ ਦੀ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਖੁਸ਼ੀ ਨਾਲ ਪਰੰਪਰਾਗਤ ਦੀਵੇ ਤਿਆਰ ਕੀਤੇ ਅਤੇ ਭਾਰਤ ਦੀ ਪੁਰਾਤਨ ਵਿਰਾਸਤ ਬਾਰੇ ਡੂੰਘੀ ਸਮਝ ਪ੍ਰਾਪਤ ਕੀਤੀ, ਜਿਸ ਨਾਲ ਸਥਿਰਤਾ, ਰਚਨਾਤਮਿਕਤਾ ਅਤੇ ਸਵੈ-ਨਿਰਭਰਤਾ ਦੇ ਮੁੱਲਾਂ ਨੂੰ ਮਜ਼ਬੂਤੀ ਮਿਲੀ। ਇਸ ਤਿਉਹਾਰ ਨੇ ਨਾਂ ਸਿਰਫ਼ ਸਕੂਲ ਦਾ ਮਾਹੌਲ ਚਮਕਾਇਆ, ਸਗੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚਕਾਰ ਏਕਤਾ ਅਤੇ ਤਿਉਹਾਰ ਦੀ ਭਾਵਨਾ ਨੂੰ ਵੀ ਮਜ਼ਬੂਤ ਕੀਤਾ। ਵਾਸਲ ਐਜੂਕੇਸ਼ਨ ਦੇ ਪ੍ਰਧਾਨ ਕੇ.ਕੇ. ਵਾਸਲ, ਚੇਅਰਮੈਨ ਸੰਜੀਵ ਕੁਮਾਰ ਵਾਸਲ, ਉਪ ਪ੍ਰਧਾਨ ਈਨਾ ਵਾਸਲ, ਸੀਈਓ ਰਾਘਵ ਵਾਸਲ ਅਤੇ ਡਾਇਰੈਕਟਰ ਅਦਿਤੀ ਵਾਸਲ ਨੇ ਵਿਦਿਆਰਥੀਆਂ ਦੀ ਉਤਸ਼ਾਹ ਪੂਰਨ ਭਾਗੀਦਾਰੀ ਅਤੇ ਸ਼ਾਨਦਾਰ ਸਜਾਵਟ ਦੀ ਸ਼ਲਾਘਾ ਕੀਤੀ। ਉਨ੍ਹਾਂ ਦੇ ਉਤਸ਼ਾਹ ਨੇ ਇਸ ਦੀਵਾਲੀ ਦੇ ਤਿਉਹਾਰ ਨੂੰ ਸਭ ਲਈ ਇੱਕ ਯਾਦਗਾਰ ਅਤੇ ਅਰਥਪੂਰਨ ਅਨੁਭਵ ਬਣਾ ਦਿੱਤਾ।

ਆਈਵੀ ਵਰਲਡ ਸਕੂਲ ਦੇ ਬੱਚੇ ਦੀਵੇ ਤਿਆਰ ਕਰਦੇ ਹੋਏ ਤਿਆਰ ਕੀਤੀਆਂ ਲਾਈਟਾਂ ਦਿਖਾਉਂਦੇ ਹੋਏ। ਤਸਵੀਰਾਂ-ਜੀ.ਪੀ.ਸਿੰਘ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੁਆਰਾ ਵਸਾਏ ਗਏ ਸ੍ਰੀ ਅਨੰਦਪਰ ਸਾਹਿਬ ਨੂੰ ਜ਼ਿਲ੍ਹਾ ਬਣਾ ਕੇ ਕੀਤਾ ਜਾਵੇ ਵਿਕਸਿਤ

350ਵੇਂ ਸ਼ਹੀਦੀ ਦਿਹਾੜਾ 'ਤੇ ਸਿੱਖ ਤਾਲਮੇਲ ਕਮੇਟੀ ਨੇ 'ਆਪ ਸਰਕਾਰ' ਅੱਗੇ ਰੱਖੀ ਮੰਗ

ਜਲੰਧਰ, 19 ਅਕਤੂਬਰ (ਐੱਮ. ਐੱਸ. ਲੋਹੀਆ)-ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਵੱਡੇ ਪੱਧਰ 'ਤੇ ਮਨਾ ਰਹੀ ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਅੱਗੇ ਸਿੱਖ ਤਾਲਮੇਲ ਕਮੇਟੀ ਵਲੋਂ ਮੰਗ ਰੱਖੀ ਗਈ ਹੈ ਕਿ ਉਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੁਆਰਾ ਜ਼ਮੀਨ ਖਰੀਦ ਕੇ ਵਸਾਏ ਗਏ ਨਗਰ 'ਚੱਕ ਨਾਨਕੀ', ਜਿਸਦਾ ਬਾਅਦ 'ਚ ਦਸਵੇਂ ਪਾਤਿਸ਼ਾਹ ਗੁਰੂ ਗੋਬਿੰਦ ਸਿੰਘ ਜੀ ਵਲੋਂ ਨਾਮ ਸ੍ਰੀ ਆਨੰਦਪੁਰ ਸਾਹਿਬ ਰੱਖਿਆ ਗਿਆ ਅਤੇ ਦਿੱਸੀ ਵਿਖੇ ਸ਼ਹਾਦਤ ਪਾਉਣ ਤੋਂ ਬਾਅਦ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਨੂੰ ਭਾਈ ਜੀਵਨ ਸਿੰਘ ਲੈ ਕੇ ਆਏ, ਬਾਅਦ 'ਚ ਗੁਰੂ ਸਾਹਿਬ ਜੀ ਦੇ ਸੀਸ ਦਾ ਸਸਕਾਰ ਵੀ ਇਸੇ ਨਗਰ 'ਚ ਹੋਇਆ ਅਤੇ ਦਸਮੇਸ਼ ਪਿਤਾ ਵਲੋਂ ਇਸ ਜ਼ਮੀਨ 'ਤੇ ਹੀ 'ਖ਼ਾਲਸਾ ਪੰਥ' ਦੀ ਸਾਜਨਾ ਵੀ ਕੀਤੀ ਗਈ ਸੀ। ਤਾਲਮੇਲ ਕਮੇਟੀ ਦੇ ਆਗੂ ਤਜਿੰਦਰ ਸਿੰਘ ਪ੍ਰਦੇਸੀ, ਹਰਪਾਲ ਸਿੰਘ ਚੱਢਾ, ਹਰਪ੍ਰੀਤ ਸਿੰਘ ਨੀਟੂ, ਗੁਰਦੀਪ ਸਿੰਘ (ਕਾਲੀਆ ਕਾਲੋਨੀ), ਗੁਰਵਿੰਦਰ ਸਿੰਘ ਸਿੱਧੂ, ਸਤਪਾਲ ਸਿੰਘ ਸਿਦਕੀ ਅਤੇ ਹਰਵਿੰਦਰ ਸਿੰਘ ਚਿਟਕਾਰਾ ਨੇ ਕਿਹਾ ਕਿ ਆਪ ਸਰਕਾਰ ਇਸ ਨਗਰ ਦੀ ਮਹਾਨਤਾ ਨੂੰ ਦੇਖਦੇ ਹੋਏ ਇਸ ਨੂੰ ਜ਼ਿਲ੍ਹੇ ਦਾ ਦਰਜਾ ਦੇ ਕੇ ਇਸ ਨੂੰ ਵੱਡੇ ਪੱਧਰ 'ਤੇ ਵਿਕਸਤ ਕਰੇ। ਕਮੇਟੀ ਆਗੂਆਂ ਨੇ ਕੇਂਦਰ ਸਰਕਾਰ ਤੋਂ ਵੀ ਮੰਗ ਕੀਤੀ ਕਿ ਸ੍ਰੀ ਆਨੰਦਪੁਰ ਸਹਿਬ ਵਿਖੇ ਗੁਰੂ ਤੇਗ ਬਹਾਦਰ ਜੀ ਦੇ ਨਾਮ 'ਤੇ ਅੰਤਰ ਰਾਸ਼ਟਰੀ ਹਵਾਈ ਅੱਡਾ ਬਣਾਇਆ ਜਾਵੇ, ਤਾਂ ਜੋ ਦੇਸ਼-ਵਿਦੇਸ਼ ਦੀ ਸੰਗਤ ਹਵਾਈ ਯਾਤਰਾ ਕਰਕੇ, ਇਥੋਂ ਦੇ ਦਰਸ਼ਨ ਦਿਦਾਰੇ ਕਰਨ ਲਈ ਪਹੁੰਚ ਸਕੇ। ਇਸ ਮੌਕੇ ਗੁਰਵਿੰਦਰ ਸਿੰਘ ਨਾਗੀ, ਰਣਜੀਤ ਸਿੰਘ ਨੋਨੀ, ਹਰਪਾਲ ਸਿੰਘ ਪਾਲੀ, ਬੰਟੀ ਰਾਠੌਰ, ਕਰਮਜੀਤ ਸਿੰਘ ਨੂਰ, ਉੱਤਮ ਸਿੰਘ, ਹਰਨੇਕ ਸਿੰਘ ਨੇਕੀ ਅਤੇ ਹੋਰ ਹਾਜ਼ਰ ਸਨ।

ਸਰਕਾਰਾਂ ਅੱਗੇ ਆਪਣੀਆਂ ਮੰਗਾਂ ਰੱਖਦੇ ਹੋਏ ਸਿੱਖ ਤਾਲਮੇਲ ਕਮੇਟੀ ਦੇ ਆਗੂ ਤਜਿੰਦਰ ਸਿੰਘ ਪ੍ਰਦੇਸੀ, ਹਰਪਾਲ ਸਿੰਘ ਚੱਢਾ, ਹਰਪ੍ਰੀਤ ਸਿੰਘ ਨੀਟੂ, ਗੁਰਦੀਪ ਸਿੰਘ (ਕਾਲੀਆ ਕਾਲੋਨੀ), ਗੁਰਵਿੰਦਰ ਸਿੰਘ ਸਿੱਧੂ, ਸਤਪਾਲ ਸਿੰਘ ਸਿਦਕੀ ਹਰਵਿੰਦਰ ਸਿੰਘ ਚਿਟਕਾਰਾ ਅਤੇ ਹੋਰ। ਤਸਵੀਰ : ਮੁਨੀਸ਼

ਕੇਂਦਰ ਸਰਕਾਰ ਤੋਂ ਅੰਤਰ-ਰਾਸ਼ਟਰੀ ਹਵਾਈ ਅੱਡਾ ਬਣਾਉਣ ਦੀ ਕੀਤੀ ਮੰਗ

ਸ਼ਾਮ 4:30 ਵਜੇ ਰੇਰੂ ਚੌਕ ਵਿੱਚ ਲੱਗੇ ਲੰਬੇ ਜਾਮ ਕਰਕੇ ਰਸਤੇ ਵਿੱਚ ਫਸੀ ਹੋਈ ਐਂਬੂਲੈਂਸ ਦੀ ਤਸਵੀਰ। (ਸੱਜੇ) ਸ਼ਾਮ 5 ਵਜੇ ਪਠਾਨਕੋਟ ਚੌਕ ਨੇੜੇ ਲੱਗੇ ਲੰਬੇ ਜਾਮ ਦੇ ਵਿਚ ਫਸੀ ਹੋਈ ਐਂਬੂਲੈਂਸ ਦੀ ਤਸਵੀਰ।

ਪਠਾਨਕੋਟ ਚੌਕ ਵਿੱਚ ਲੱਗਣ ਵਾਲਾ ਜਾਮ ਬਣ ਰਿਹਾ ਹਰ ਕਿਸੇ ਲਈ ਮੁਸੀਬਤ

ਮਕਸੂਦਾਂ, 19 ਅਕਤੂਬਰ (ਸੌਰਵ ਮਹਿਤਾ)-ਜਲੰਧਰ ਸ਼ਹਿਰ ਦੇ ਐਂਟਰੀ ਪੁਆਇੰਟ ਪਠਾਨਕੋਟ ਚੌਕ ਵਿੱਚ ਹਰ ਰੋਜ਼ ਲੱਗਣ ਵਾਲਾ ਜਾਮ ਹੁਣ ਲੋਕਾਂ ਲਈ ਇੱਕ ਵੱਡੀ ਮੁਸੀਬਤ ਬਣ ਗਿਆ ਹੈ। ਸਵੇਰ ਤੋਂ ਸ਼ਾਮ ਤੱਕ ਜਲੰਧਰ ਤੋਂ ਪਠਾਨਕੋਟ ਵੱਲ ਜਾਣ ਵਾਲੇ ਪਾਸੇ ਅਤੇ ਪਠਾਨਕੋਟ ਵੱਲੋਂ ਸ਼ਹਿਰ ਵਿੱਚ ਦਾਖਲ ਹੋਣ ਵਾਲੇ ਰਸਤੇ 'ਤੇ ਵਾਹਨਾਂ ਦੀ ਲੰਬੀ ਲਾਈਨ ਲੱਗੀ ਰਹਿੰਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਟਰੈਫਿਕ ਪੁਲਿਸ ਵੱਲੋਂ ਹਾਲਾਤਾਂ 'ਤੇ ਕਾਬੂ ਪਾਉਣ ਵਿੱਚ ਅਸਮਰਥਤਾ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਹੀ ਹੈ।

ਐਂਬੂਲੈਂਸਾਂ ਦਾ ਰਾਹ ਵੀ ਰੁਕਿਆ ਮਰੀਜ਼ਾਂ ਦੀ ਜ਼ਿੰਦਗੀ ਖਤਰੇ ਵਿੱਚ

ਇਸ ਜਾਮ ਦਾ ਸਭ ਤੋਂ ਦਰਦਨਾਕ ਪੱਖ ਇਹ ਹੈ ਕਿ ਸਿਰਫ ਆਮ ਵਾਹਨ ਹੀ ਨਹੀਂ, ਐਂਬੂਲੈਂਸਾਂ ਵੀ ਘੰਟਿਆਂ ਤੱਕ ਫਸੀਆਂ ਰਹਿੰਦੀਆਂ ਹਨ। ਕਈ ਵਾਰ ਹਸਪਤਾਲਾਂ ਤੱਕ ਸਮੇਂ ਸਿਰ ਨਾ ਪਹੁੰਚ ਸਕਣ ਕਾਰਨ ਮਰੀਜ਼ਾਂ ਦੀ ਜਾਨ ਨੂੰ ਖਤਰਾ ਪੈਦਾ ਹੋ ਜਾਂਦਾ ਹੈ। ਲੋਕਾਂ ਨੇ ਕਿਹਾ ਕਿ ਟਰੈਫਿਕ ਪੁਲਿਸ ਦੀ ਬੇਹਿਸੀ ਤੇ ਪ੍ਰਬੰਧਾਂ ਦੀ ਕਮੀ ਕਾਰਨ ਐਮਰਜੈਂਸੀ ਸੇਵਾਵਾਂ ਤੱਕ ਪ੍ਰਭਾਵਿਤ ਹੋ ਰਹੀਆਂ ਹਨ।

ਪ੍ਰਸ਼ਾਸਨ ਦਾ ਧਿਆਨ ਸਿਰਫ ਚਲਾਨ ਕੱਟਣ ਤੱਕ ਸੀਮਤ

ਲੋਕਾਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਟਰੈਫਿਕ ਨਿਯਮਾਂ ਦੀ ਉਲੰਘਣਾ 'ਤੇ ਚਲਾਨ ਕੱਟਣਾ ਹੀ ਪੁਲਿਸ ਦਾ ਏਕਮਾਤਰ ਕੰਮ ਬਣ ਗਿਆ ਹੈ, ਜਦਕਿ ਸ਼ਹਿਰ ਦੇ ਟਰੈਫਿਕ ਸੰਕਟ 'ਤੇ ਕੋਈ ਢੰਗ ਦਾ ਪ੍ਰਬੰਧ ਨਹੀਂ ਕੀਤਾ ਜਾ ਰਿਹਾ। ਜਾਮ ਦੇ ਸਮੇਂ ਪੁਲਿਸ ਮੁਲਾਜ਼ਮਾਂ ਦੀ ਘੱਟ ਮੌਜੂਦਗੀ ਨਾਲ ਹਾਲਾਤ ਹੋਰ ਬਿਗੜ ਜਾਂਦੇ ਹਨ। ਜਿੱਥੇ ਰਾਹ ਖੋਲ੍ਹਣ ਲਈ ਸੰਗਠਿਤ ਯੋਜਨਾ ਦੀ ਲੋੜ ਹੈ, ਉੱਥੇ ਕਾਰਵਾਈ ਸਿਰਫ ਕਾਗਜ਼ਾਂ ਤੱਕ ਸੀਮਤ ਦਿਖਾਈ ਦਿੰਦੀ ਹੈ। ਦਫ਼ਤਰ ਜਾਣ ਵਾਲੇ ਕਰਮਚਾਰੀ, ਸਕੂਲ ਦੇ ਵਿਦਿਆਰਥੀ, ਵਪਾਰੀ ਤੇ ਆਮ ਯਾਤਰੀ ਘੰਟਿਆਂ ਤੱਕ ਜਾਮ ਵਿੱਚ ਫਸੇ ਰਹਿੰਦੇ ਹਨ। ਛੋਟੇ ਫਾਸਲੇ ਲਈ ਵੀ ਅੱਧਾ ਘੰਟਾ ਲੱਗ ਜਾਣਾ ਆਮ ਗੱਲ ਬਣ ਗਈ ਹੈ। ਇਸ ਨਾਲ ਨਾ ਸਿਰਫ ਸਮਾਂ, ਸਗੋਂ ਇੰਧਨ ਦਾ ਵੀ ਵੱਡਾ ਨੁਕਸਾਨ ਹੋ ਰਿਹਾ ਹੈ। ਟਰੈਫਿਕ ਮਾਹਰਾਂ ਦੇ ਅਨੁਸਾਰ, ਪਠਾਨਕੋਟ ਚੌਕ ਤੇ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਸੜਕਾਂ ਦੇ ਵਿਸਥਾਰ, ਨਵੀਂ ਸਿਗਨਲ ਪ੍ਰਣਾਲੀ ਤੇ ਵੱਖਰਾ ਬਾਈਪਾਸ ਰੂਟ ਬਣਾਉਣ ਦੀ ਲੋੜ ਹੈ। ਇਸ ਤੋਂ ਇਲਾਵਾ, ਟਰੈਫਿਕ ਪੁਲਿਸ ਨੂੰ ਸਥਾਈ ਤੌਰ 'ਤੇ ਡਿਊਟੀ ਸਿਸਟਮ ਵਿੱਚ ਸੁਧਾਰ ਕਰਨਾ ਚਾਹੀਦਾ ਹੈ, ਤਾਂ ਜੋ ਜਾਮ ਦੀ ਦੁਹਰਾਈ ਨਾ ਹੋਵੇ। ਉੱਥੇ ਲੋਕਾਂ ਦਾ ਸਪੱਸ਼ਟ ਕਹਿਣਾ ਹੈ ਕਿ ਪ੍ਰਸ਼ਾਸਨ ਨੂੰ ਸਿਰਫ਼ ਚਲਾਨ ਕੱਟਣ ਦੀ ਬਜਾਏ ਅਸਲ ਹੱਲ ਕੱਢਣ 'ਤੇ ਧਿਆਨ ਦੇਣਾ ਚਾਹੀਦਾ ਹੈ। ਜਲੰਧਰ ਸ਼ਹਿਰ ਦੀ ਵਿਕਾਸਸ਼ੀਲ ਛਵੀ ਇਸ ਟਰੈਫਿਕ ਜਾਮ ਕਾਰਨ ਪ੍ਰਭਾਵਿਤ ਹੋ ਰਹੀ ਹੈ। ਜੇਕਰ ਜਲਦ ਹੀ ਕੋਈ ਠੋਸ ਕਦਮ ਨਾ ਚੁੱਕਿਆ ਗਿਆ, ਤਾਂ ਇਹ ਸਮੱਸਿਆ ਅਗਲੇ ਦਿਨਾਂ ਵਿੱਚ ਹੋਰ ਗੰਭੀਰ ਰੂਪ ਧਾਰ ਸਕਦੀ ਹੈ।

ਐਂਬੂਲੈਂਸਾਂ ਸਮੇਤ ਆਮ ਲੋਕ ਫਸੇ ਰਹਿੰਦੇ ਘੰਟਿਆਂ ਤੱਕ, ਪ੍ਰਸ਼ਾਸਨ ਸਿਰਫ਼ ਚਲਾਨਾਂ ਤੱਕ ਹੀ ਸੀਮਤ

ਲੋਹੀਆਂ ਦੇ 'ਐੱਨ.ਐੱਸ. ਕਾਨਵੈਂਟ ਹਾਈ ਸਕੂਲ' ਵਿਖੇ ਮਨਾਏ ਦਿਵਾਲੀ ਦੇ ਤਿਉਹਾਰ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਮੈਡਮ ਰੇਨੂੰ ਬਾਲਾ, ਉਪ-ਪ੍ਰਧਾਨ ਸੁਖਦੇਵ ਪਾਲ, ਅਕੈਡਮਿਕ ਕੰਸਲਟੈਂਟ ਮੈਡਮ ਚਰਨਜੀਤ ਕੌਰ ਅਤੇ ਹੋਰ ਅਧਿਆਪਕ ਬੱਚਿਆਂ ਨਾਲ ਖੁਸ਼ੀ ਸਾਂਝੀ ਕਰਦੇ ਹੋਏ। ਤਸਵੀਰਾਂ : ਗੁਰਪਾਲ ਸਿੰਘ ਸ਼ਤਾਬਗੜ੍ਹ

ਲੋਹੀਆਂ ਦੇ ਐੱਨ.ਐੱਸ. ਕਾਨਵੈਂਟ ਸਕੂਲ 'ਚ 'ਦੀਵਾਲੀ ਦੀ ਤਿਉਹਾਰ' ਮਨਾਇਆ

ਲੋਹੀਆਂ ਖਾਸ, 19 ਅਕਤੂਬਰ (ਗੁਰਪਾਲ ਸਿੰਘ ਸ਼ਤਾਬਗੜ੍ਹ, ਕੁਲਦੀਪ ਸਿੰਘ ਖਾਲਸਾ)-ਲੋਹੀਆਂ ਦੇ 'ਐੱਨ.ਐੱਸ. ਕਾਨਵੈਂਟ ਹਾਈ ਸਕੂਲ' ਵਿਖੇ ਦੀਵਾਲੀ ਦਾ ਤਿਉਹਾਰ ਬੜੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਦੇ ਨਾਲ ਜੋੜਨ ਅਤੇ ਉਸਦੀ ਮਹੱਤਤਾ ਨੂੰ ਸਮਝਾਉਣ ਲਈ ਵਧੀਆ ਪੇਸ਼ਕਾਰੀ ਹੋ ਨਿਭੜਿਆ। ਇਸ ਪ੍ਰੋਗਰਾਮ 'ਚ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਮੈਡਮ ਰੇਨੂੰ ਬਾਲਾ, ਅਕੈਡਮਿਕ ਕੰਸਲਟੈਂਟ ਮੈਡਮ ਚਰਨਜੀਤ ਕੌਰ, ਉਪ-ਪ੍ਰਧਾਨ ਸੁਖਦੇਵ ਪਾਲ, ਇੰਦਰਜੀਤ ਸਿੰਘ ਸਮੇਤ